ਨੰ: 3/7/2019-3ਸਿ3/142171011

**ਪੰਜਾਬ ਸਰਕਾਰ**

**ਸਿੱਖਿਆ ਵਿਭਾਗ**

**(ਸਿੱਖਿਆ-3 ਸ਼ਾਖਾ)**

ਸੇਵਾ ਵਿਖੇ

ਪ੍ਰਿੰਸੀਪਲ,
The Heritage International School,
Sunam-Mansa Road Bhikhi, Distt Mansa ,

ਮਿਤੀ:ਚੰਡੀਗੜ੍ਹ: 15/2/2019

ਵਿਸ਼ਾ:- **The Heritage International School Sunam-Mansa Road Bhikhi, Distt Mansa ਨੂੰ ਸੀ.ਬੀ.ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸ਼ਨ ਲੈਣ ਲਈ ਇਤਰਾਜ਼ਹੀਣਤਾ ਸਰਟੀਫਿਕੇਟ ਜਾਰੀ ਕਰਨ ਸਬੰਧੀ।**

******

ਸ੍ਰੀਮਾਨ ਜੀ,

ਉਪਰਕੋਤ ਵਿਸ਼ੇ ਦੇ ਹਵਾਲੇ ਵਿੱਚ।

2. ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜਾਂ ਸਮੇਤ ਹਲਫੀਆਂ ਬਿਆਨ, ਜਿਲ੍ਹਾ ਸਿੱਖਿਆ ਅਫਸਰ (ਸੈ:ਸਿ) ਮਾਨਸਾ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ), ਪੰਜਾਬ, ਚੰਡੀਗੜ੍ਹ ਦੀਆਂ ਸਿਫਾਰਸ਼ਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿਚ ਕਿਸੇ ਵੀ ਸ਼ਿਕਾਇਤ/ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾ ਦੇ ਅਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆਂ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਸ ਲਿਆ ਜਾ ਸਕਦਾ ਹੈ।
2. ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜ੍ਹਾਉਣਾਂ ਦਸਵੀਂ ਪੱਧਰ ਤੱਕ ਲਾਜਮੀ ਹੋਵੇਗਾ ਅਤੇ **ਸੀ.ਬੀ.ਐਸ.ਈ** ਨਵੀਂ ਦਿੱਲੀ ਅਜਿਹੇ ਸਕੂਲਾਂ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ ਉਪਰਾਲਾ ਲਾਜਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।
3. ਸਕੂਲ ਮੈਨੇਜਮੈਂਟ, ਸਿੱਖਿਆ ਵਿਭਾਗ ਪੰਜਾਬ ਸਰਕਾਰ ਵੱਲੋਂ ਆਰ.ਟੀ.ਈ.ਐਕਟ 2009 ਦੇ ਤਹਿਤ ਜਾਰੀ ਕੀਤੇ ਨੋਟੀਫਿਕੇਸ਼ਨ ਅਤੇ ਪੰਜਾਬ ਰਾਜ ਲਈ ਬਣਾਏ ਆਰ.ਟੀ.ਈ.ਐਕਟ-2009 ਦੇ ਰੂਲਾਂ ਦੀ ਇੰਨ-ਬਿਨ ਪਾਲਣਾ ਕਰੇਗੀ।
4. **ਸੀ.ਬੀ.ਐਸ.ਈ** ਨਵੀਂ ਦਿੱਲੀ ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ

Principal
The Heritage International School
Bhikhi (Distt. Mansa)

Maa Saraswati Education & Welf. Society

ਹੋਰ ਭੱਤੇ ਆਦਿ ਅਕਾਉਂਟ ਪੇਈ ਚੈਕਾਂ ਰਾਹੀਂ ਦੇਣ ਲਈ ਵਚਨਵੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ

ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

5. ਤੁਸੀ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜਿਲ੍ਹੇ ਦੇ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵੱਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾ ਉਪਲੱਬਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

6 ਬੱਚਿਆ ਦੀ ਸੁਰੱਖਿਆ, ਪਬਲਿਕ ਹੈਲਥ ਸੈਨੀਟੇਸ਼ਨ ਅਤੇ ਹੋਰ ਇਤਰਾਜਹੀਣਤਾ ਸਰਟੀਫਿਕੇਟ ਜਾਰੀ ਕਰਨ ਦੀਆਂ ਸ਼ਰਤਾਂ ਦਾ ਸਮੇਂ -2 ਨਿਰੀਖਣ ਪੰਜਾਬ ਸਰਕਾਰ ਦੇ ਅਧਿਕਾਰੀਆਂ ਵੱਲੋਂ ਕੀਤਾ ਜਾਵੇਗਾ।

7. ਪੰਜਾਬ ਸਰਕਾਰ ਵੱਲੋਂ ਪੱਤਰ ਨੰ:2/93/2009/3ਸਿ3/1360154 ਮਿਤੀ 26.11.2018 ਰਾਹੀਂ ਜਾਰੀ ਕੀਤੀਆਂ ਗਾਈਡਲਾਇਨਜ਼ ਦੀ ਇੰਨ ਬਿੰਨ ਪਾਲਣਾ ਕੀਤੀ ਜਾਵੇ।

ਵਿਸ਼ੇਸ਼ ਸਕੱਤਰ, ਸਕੂਲ ਸਿੱਖਿਆ

ਪਿੱ:ਅੰ:ਨੰ: 3/7/2019-3ਸਿ3 ਮਿਤੀ, ਚੰਡੀਗੜ੍ਹ:

ਉਤਾਰਾ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ), ਪੰਜਾਬ, ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ. 29/2-2018 ਗ੍ਰਾਂਟ ਪੈਨ 2(2)/201943066 ਮਿਤੀ 05.02.19 ਦੇ ਹਵਾਲੇ ਵਿੱਚ ਭੇਜਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇਕ ਵਾਰ ਇੰਸਪੈਕਸ਼ਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ। ਸਬੰਧਤ ਸਕੂਲ ਤੋਂ ਉਪਰੋਕਤ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।

2. The Heritage International School Sunam-Mansa Road Bhikhi, Distt Mansa ਦੀ ਮਿਸਲ ਮੂਲ ਰੂਪ ਵਿੱਚ ਵਾਪਸ ਭੇਜੀ ਜਾਂਦੀ ਹੈ।

ਵਿਸ਼ੇਸ਼ ਸਕੱਤਰ, ਸਕੂਲ ਸਿੱਖਿਆ

Principal
The Heritage International School
Bhikhi (Distt. Mansa)

Maa Saraswati Education & ... Society
President Secretary

ਪੰਜਾਬ ਸਰਕਾਰ
ਸਿੱਖਿਆ ਵਿਭਾਗ
(ਸਿੱਖਿਆ-3 ਸ਼ਾਖਾ)

ਹੁਕਮ ਨੰ. 3/7/2019-3ਸਿ3 /1421763/1
ਮਿਤੀ, ਚੰਡੀਗੜ੍ਹ:: 15/2/2019

ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.), ਮਾਨਸਾ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਮੋਹਾਲੀ ਰਾਹੀਂ ਪ੍ਰਾਪਤ ਹੋਈ ਆਪ ਦੀ ਪ੍ਰਤੀਬੇਨਤੀ ਨੂੰ ਗਹੁ ਨਾਲ ਘੋਖਣ ਉਪਰੰਤ The Heritage International School Sunam-Mansa Road Bhikhi, Distt Mansa ਨੂੰ ਸੀਨੀਅਰ ਸੈਕੰਡਰੀ ਸਕੂਲ ਦੀ ਮਾਨਤਾ ਹੇਠ ਲਿਖੀਆਂ ਸ਼ਰਤਾਂ ਤੇ ਦਿੱਤੀ ਜਾਂਦੀ ਹੈ:

1. ਸਕੂਲ The Right of Children to Free and Compulsory Education Act, 2009 ਦੀ ਪਾਲਣਾ ਕਰੇਗਾ।
2. ਸਕੂਲ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਪਾਲਣਾ ਕਰਨਾ ਯਕੀਨੀ ਬਣਾਏਗਾ।
3. ਕਿਸੇ ਵੀ ਸਟੇਜ ਤੇ ਤੱਥਾਂ ਦੇ ਗਲਤ ਸਾਬਤ ਹੋਣ ਦੀ ਸੂਰਤ ਵਿੱਚ ਇਹ ਮਾਨਤਾ ਰੱਦ ਕੀਤੀ ਜਾਵੇਗੀ।
4. ਸਕੂਲ ਵਲੋਂ ਸੀਨੀਅਰ ਸੈਕੰਡਰੀ ਪੱਧਰ ਦੀ ਬਣਦੀ ਪ੍ਰੋਸੈਸਿੰਗ ਫੀਸ ਚਲਾਨ ਮਿਤੀ 22.10.2018 ਨੂੰ 17,200/- ਰੁ.; ਮਿਤੀ 04.01.2019 ਨੂੰ 74,800/-ਰੁਪਏ ਅਤੇ ਮਿਤੀ 11.02.2019 ਨੂੰ 10,000/- ਰੁ. ਰਾਹੀਂ ਕੁੱਲ 1,02,000/-ਰੁਪਏ ਜਮ੍ਹਾ ਕਰਵਾ ਦਿੱਤੀ ਗਈ ਹੈ।

ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ

ਪਿ.ਅੰ.ਨੰ. 3/7/2019-3ਸਿ3 ਮਿਤੀ , ਚੰਡੀਗੜ੍ਹ:

ਉਪਰਕੋਤ ਦਾ ਇਕ ਉਤਾਰਾ ਹੇਠ ਲਿੱਖਿਆ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:

1. ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ) ਪੰਜਾਬ, ਮੋਹਾਲੀ।
2. ਜਿਲ੍ਹਾ ਸਿੱਖਿਆ ਅਫਸਰ (ਸੈ.ਸਿ), ਮਾਨਸਾ ।

ਸੁਪਰਡੰਟ

Maa Saraswati Education & Welfare Society
President Secretary

Principal
The Heritage International School
Bhikhi (Distt. Mansa)